ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 1

ਵਾਰਡ ਨੰਬਰ 22 ਵਿੱਚ ਲੋਕਾਂ ਨੇ ਸਫ਼ਾਈ ਮੁਲਾਜ਼ਮਾਂ ਅਤੇ ਸੈਨੀਟਾਇਜੇਸ਼ਨ ਵਰਕਰਾਂ ਤੇ ਕੀਤੀ ਫੁੱਲਾਂ ਦੀ ਵਰਖਾ, ਫੁੱਲਾਂ ਦਾ ਹਾਰ ਵੀ ਪਾਇਆ

ਕੋਰੋਨਾ ਵਾਇਰਸ ਦੇ ਖਿਲਾਫ ਲੜਾਈ ਵਿੱਚ ਜੁਟੇ ਹੋਏ ਮੁਲਾਜ਼ਮਾਂ ਦੀ ਹੌਂਸਲਾਅਫਜਾਈ ਲਈ ਚੁੱਕਿਆ ਵੱਖਰਾ ਕਦਮ

ਫਿਰੋਜਪੁਰ , 10 ਅਪ੍ਰੈਲ ( ) - ਕੋਰੋਨਾ ਵਾਇਰਸ ਦੇ ਖਿਲਾਫ ਚੱਲ ਰਹੀ ਜੰਗ ਦੇ ਦੌਰਾਨ ਮੈਦਾਨ ਵਿੱਚ ਡਟੇ ਮੁਲਾਜ਼ਮਾਂ ਦੀ ਹੌਂਸਲਾਅਫਜਾਈ ਲਈ ਸ਼ੁੱਕਰਵਾਰ ਨੂੰ ਵਾਰਡ ਨੰਬਰ 22 ਦੇ ਪ੍ਰੀਤ ਨਗਰ ਦੇ ਪਾਰਸ਼ਦ ਸਾਕਸ਼ੀ ਖੁਰਾਨਾ, ਉਨ੍ਹਾਂ ਦੇ ਪਤੀ ਰਾਜੇਸ਼ ਖੁਰਾਨਾ ਅਤੇ ਇਲਾਕੇ ਦੇ ਕੁੱਝ ਲੋਕਾਂ ਨੇ ਫੁੱਲਾਂ ਦੀ ਵਰਖਾ ਕਰਕੇ ਆਪਣੇ ਇਲਾਕੇ ਵਿੱਚ ਸਫ਼ਾਈ ਸੇਵਕਾਂ , ਗਾਰਬੇਜ ਕਲੈਕਟਰ , ਟਿੱਪਰ ਚਾਲਕ ਅਤੇ ਸੈਨੀਟਾਇਜੇਸ਼ਨ ਵਰਕਰਾਂ ਦਾ ਸਵਾਗਤ ਕੀਤਾ । ਮੁਹੱਲੇ ਵਿਚ ਪਹੁੰਚਣ ਤੇ ਨਗਰ ਕਾਊਂਸਲ ਦੇ ਸਾਰੇ ਮੁਲਾਜ਼ਮਾਂ ਨੂੰ ਸਭ ਤੋਂ ਪਹਿਲਾਂ ਫੁੱਲਾਂ ਦਾ ਹਾਰ ਪੁਆਇਆ ਅਤੇ ਫਿਰ ਫੁੱਲਾਂ ਦੀ ਵਰਖਾ ਕੀਤੀ ਗਈ । ਮੁਲਾਜਿਮ ਇਹ ਸਵਾਗਤ ਦੇਖ ਕੇ ਹੈਰਾਨ ਰਹਿ ਗਏ। ਨਗਰ ਕਾਊਂਸਲ ਦੇ ਸੈਨੇਟਰੀ ਇੰਸਪੇਕਟਰ ਸੁਖਪਾਲ ਸਿੰਘ ਨੇ ਦੱਸਿਆ ਕਿ ਸਵੇਰੇ ਇਲਾਕੇ ਵਿੱਚ ਜਿਵੇਂ ਹੀ ਗਾਰਬੇਜ ਕਲੈਕਟਰ , ਸਫ਼ਾਈ ਸੇਵਕ , ਟਿੱਪਰ ਚਾਲਕ ਅਤੇ ਸੈਨੀਟਾਇਜੇਸ਼ਨ ਵਰਕਰ ਪੁੱਜੇ ਤਾਂ ਪਾਰਸ਼ਦ ਸਮੇਤ ਇਲਾਕੇ ਦੇ ਲੋਕਾਂ ਨੇ ਉਨ੍ਹਾਂ ਉੱਤੇ ਫੁੱਲਾਂ ਦੀ ਵਰਖਾ ਕੀਤੀ ਅਤੇ ਗਲੇ ਵਿਚ ਫੁੱਲਾਂ ਦੇ ਹਾਰ ਪਾਏ । ਇਹ ਸਨਮਾਨ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਵਿੱਚ ਸਾਫ਼ - ਸਫ਼ਾਈ ਲਈ ਨਗਰ ਕਾਊਂਸਲ ਦੀ ਟੀਮ ਵੱਲੋਂ ਕੀਤੇ ਜਾ ਰਹੇ ਕੰਮਾਂ ਨੂੰ ਲੈ ਕੇ ਕੀਤਾ ਗਿਆ, ਕਿਉਂਕਿ ਇਸ ਦੌਰਾਨ ਵਿੱਚ ਲਗਭਗ ਸਾਰੇ ਲੋਕ ਘਰ ਵਿੱਚ ਬੈਠੇ ਹੋਏ ਹਨ ਪਰ ਸਫ਼ਾਈ ਮੁਲਾਜ਼ਮ ਲਗਾਤਾਰ ਆਪਣੀ ਸੇਵਾਵਾਂ ਦੇ ਰਹੇ ਹਨ ।

ਪਾਰਸ਼ਦ ਸਾਕਸ਼ੀ ਖੁਰਾਨਾ ਨੇ ਕਿਹਾ ਕਿ ਦੇਸ਼ ਭਰ ਵਿੱਚ ਲਾਕਡਾਉਨ ਦੇ ਦੌਰਾਨ ਜਦੋਂ ਪੂਰੇ ਦੇਸ਼ ਦੇ ਲੋਕ ਘਰਾਂ ਵਿਚ ਬੈਠੇ ਹਨ ਇਸ ਹਾਲਤ ਵਿੱਚ ਲੋਕਾਂ ਦੇ ਜੀਵਨ ਨੂੰ ਸੁਰੱਖਿਅਤ ਬਣਾਉਣ ਲਈ ਸਫ਼ਾਈ ਕਰਮੀਂ , ਡਾਕਟਰ , ਸੈਨਿਟਾਇਜੇਸ਼ਨ ਕਰਮੀ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਣਾ ਦਿਨ - ਰਾਤ ਤਨਦੇਹੀ ਵੱਲੋਂ ਆਪਣੇ ਕਾਰਜ ਵਿੱਚ ਜੁਟੇ ਹਨ । ਉਨ੍ਹਾਂ ਨੇ ਕਿਹਾ ਕਿ ਅਜਿਹੇ ਕਰਮੀਆਂ ਨੂੰ ਉਹ ਸੇਲਿਊਟ ਕਰਦੀ ਹੈ ਅਤੇ ਉਨ੍ਹਾਂ ਦੇ ਕਾਰਜ ਦੀ ਪ੍ਰਸ਼ੰਸਾ ਕਰਦੀ ਹੈ। ਇਸ ਮੌਕੇ ਉਨ੍ਹਾਂ ਦੇ ਨਾਲ ਰਾਜੀਵ ਅਰੋੜਾ , ਰਾਜੇਸ਼ ਧਵਨ , ਅਮਨ ਦੇਓੜਾ ਅਤੇ ਸੰਦੀਪ ਸਹਿਗਲ ਮੌਜੂਦ ਸਨ ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 2

## ਕਾਂਗਰਸੀ ਆਗੂ ਜਸਮੇਲ ਸਿੰਘ ਲਾਡੀ ਗਹਿਰੀ ਨੇ ਹਲਕੇ ਦੇ ਜ਼ਰੂਰਤਮੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ

ਫਿਰੋਜ਼ਪੁਰ 10 ਅਪ੍ਰੈਲ ( ) ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲਗਾਏ ਕਰਫ਼ਿਊ ਦੌਰਾਨ ਜ਼ਰੂਰਤਮੰਦਾਂ ਅਤੇ ਲੋੜਵੰਦਾਂ ਨੂੰ ਰਾਸ਼ਨ ਅਤੇ ਲੰਗਰ ਮੁਹੱਈਆ ਕਰਵਾਉਣ ਲਈ ਸਰਕਾਰ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਲਗਾਤਾਰ ਕੰਮ ਜਾਰੀ ਹੈ। ਇਸੇ ਲੜੀ ਤਹਿਤ ਵਿਧਾਇਕ ਫਿਰੋਜ਼ਪੁਰ ਦਿਹਾਤੀ ਸ੍ਰੀਮਤੀ ਸਤਕਾਰ ਕੌਰ ਗਹਿਰੀ ਦੇ ਪਤੀ ਅਤੇ ਸੀਨੀਅਰ ਕਾਂਗਰਸੀ ਆਗੂ ਸ੍ਰ: ਜਸਮੇਲ ਸਿੰਘ ਲਾਡੀ ਗਹਿਰੀ ਵੱਲੋਂ ਆਪਣੇ ਹਲਕੇ ਦੇ ਜ਼ਰੂਰਤਮੰਦਾਂ ਨੂੰ ਰਾਸ਼ਨ ਵੰਡਿਆ ਗਿਆ।

ਸ੍ਰ: ਜਸਮੇਲ ਸਿੰਘ ਲਾਡੀ ਗਹਿਰੀ ਨੇ ਕਿਹਾ ਕਿ ਵਰਤਮਾਨ ਸਮੇਂ ਅੰਦਰ ਦੇਸ਼ ਸੰਕਟ ਦੀ ਘੜੀ 'ਚ ਲੰਘ ਰਿਹਾ ਹੈ। ਕੋਰੋਨਾ ਨੂੰ ਹਰਾਉਣ ਲਈ ਸਾਡਾ ਘਰਾਂ 'ਚ ਰਹਿਣਾ ਜ਼ਰੂਰੀ ਹੈ, ਉਨ੍ਹਾਂ ਕਿਹਾ ਕਿ ਹਰੇਕ ਲੋੜੀਂਦੇ ਪਰਿਵਾਰ ਤੱਕ ਕਰਫ਼ਿਊ ਦੇ ਸਮੇਂ ਦੌਰਾਨ ਜ਼ਰੂਰੀ ਰਾਸ਼ਨ ਸਮਗਰੀ ਪਹੁੰਚੇ ਇਸ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਲਈ ਉਨ੍ਹਾਂ ਵੱਲੋਂ ਹਲਕੇ ਦੇ ਲੋੜਵੰਦ ਪਰਿਵਾਰਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਰਾਸ਼ਨ ਦਾ ਜ਼ਰੂਰੀ ਸਮਾਨ ਜਿਵੇਂ ਕਿ ਖੰਡ, ਦਾਲ, ਆਟਾ ਤੇਲ ਆਦਿ ਵੰਡਿਆ ਗਿਆ ਹੈ ਤਾਂ ਜੋ ਕਿਸੇ ਵੀ ਗ਼ਰੀਬ ਅਤੇ ਦਿਹਾੜੀਦਾਰ ਨੂੰ ਖਾਣ-ਪੀਣ ਨੂੰ ਲੈ ਕੇ ਕੋਈ ਦਿੱਕਤ ਨਾ ਆਵੇ।

ਇਸ ਦੇ ਨਾਲ ਹੀ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਰਫ਼ਿਊ ਸਮੇਂ ਦੌਰਾਨ ਆਪਣੇ ਘਰਾਂ ਵਿਚ ਹੀ ਬਣੇ ਰਹਿਣ ਅਤੇ ਸਰਕਾਰ ਵੱਲੋਂ ਜਾਰੀ ਸਾਵਧਾਨੀਆਂ ਦੀ ਪਾਲਨਾ ਕਰਨ। ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਕਿਸੇ ਨੂੰ ਵੀ ਰਾਸ਼ਨ ਅਤੇ ਖਾਣ-ਪੀਣ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਪਰ ਤੁਹਾਡਾ ਵੀ ਫ਼ਰਜ਼ ਬਣਦਾ ਹੈ ਕਿ ਸਰਕਾਰ ਅਤੇ ਪ੍ਰਸ਼ਾਸਨ ਦਾ ਸਹਿਯੋਗ ਦੇਣ ਤਾਂ ਜੋ ਕੋਰੋਨਾ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈੱਸ ਨੋਟ 3

**ਕਰਫ਼ਿਊ ਦੌਰਾਨ ਸਵੇਰੇ 6.00 ਵਜੇ ਤੋਂ ਸ਼ਾਮ 7.00 ਵਜੇ ਤੱਕ ਕਣਕ ਦੀ ਕਟਾਈ ਕਰਨ ਦੀ ਛੋਟ ਹੋਵੇਗੀ - ਜ਼ਿਲ੍ਹਾ ਮੈਜਿਸਟਰੇਟ**

**ਕਿਸਾਨ ਜਾਂ ਖੇਤ ਮਜ਼ਦੂਰ ਸਵੇਰੇ 6.00 ਤੋਂ 9.00 ਵਜੇ ਦੇ ਵਿਚਕਾਰ ਖੇਤ ਜਾ ਸਕਣਗੇ ਅਤੇ ਸ਼ਾਮ 5.00 ਤੋਂ 8.00 ਵਜੇ ਦੇ ਵਿਚਕਾਰ ਵਾਪਸ ਆ ਸਕਣਗੇ**

ਫ਼ਿਰੋਜ਼ਪੁਰ 10 ਅਪ੍ਰੈਲ 2020 ( ) ਜ਼ਿਲ੍ਹਾ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਕੋਰੋਨਾ ਵਾਇਰਸ ਦੀ ਰੋਕਥਾਮ ਲਈ ਜ਼ਿਲ੍ਹੇ ਵਿਚ ਕਰਫ਼ਿਊ ਲਗਾਇਆ ਗਿਆ ਹੈ। ਪਰ ਕਣਕ ਦੀ ਫ਼ਸਲ ਦਾ ਸੀਜ਼ਨ ਹੋਣ ਕਰਕੇ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਕਣਕ ਦੀ ਕਟਾਈ ਅਤੇ ਉਸ ਦੀ ਸਾਂਭ ਸੰਭਾਲ ਲਈ ਕਰਫ਼ਿਊ ਦੌਰਾਨ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਲਈ ਕੁੱਝ ਛੋਟ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਕਿਸਾਨ ਕੰਬਾਈਨ/ਹਾਰਵੈਸਟਰ ਜਾਂ ਕਿਸੇ ਹੋਰ ਤਰੀਕੇ ਨਾਲ ਸਵੇਰੇ 6.00 ਵਜੇ ਤੋਂ ਸ਼ਾਮ 7.00 ਵਜੇ ਤੱਕ  ਕਣਕ ਦੀ ਕਟਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਜਾਂ ਖੇਤ ਮਜ਼ਦੂਰ ਇਸ ਕੰਮ ਲਈ ਸਵੇਰੇ 6.00 ਵਜੇ ਤੋਂ ਲੈ ਕੇ 9.00 ਵਜੇ ਦੇ ਵਿਚਕਾਰ ਖੇਤਾਂ ਵਿਚ ਜਾ ਸਕਦੇ ਹਨ ਅਤੇ ਸ਼ਾਮ ਨੂੰ 5.00 ਵਜੇ ਤੋਂ ਰਾਤ 8.00 ਵਜੇ ਦੇ ਵਿਚਕਾਰ ਵਾਪਸ ਆ ਸਕਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਕੰਬਾਈਨ/ਹਾਰਵੈਸਟਰ ਦੀ ਰਿਪੇਰਿੰਗ ਦੀਆਂ ਦੁਕਾਨਾਂ ਨੂੰ ਸਵੇਰੇ 7.00 ਵਜੇ ਤੋਂ ਸ਼ਾਮ 5.00 ਵਜੇ ਤੱਕ ਖੋਲ੍ਹਣ ਦੀ ਛੋਟ ਦਿੱਤੀ ਗਈ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਦੱਸਿਆ ਕਿ ਕਣਕ ਦੀ ਕਟਾਈ ਲਈ ਕਿਸਾਨਾਂ ਅਤੇ ਰਿਪੇਰਿੰਗ ਪਾਰਟਸ ਦੀਆਂ ਦੁਕਾਨਾਂ ਦੇ ਮਾਲਕਾਂ ਨੂੰ ਮੁੱਖ ਖੇਤੀਬਾੜੀ ਅਫਸਰ ਵੱਲੋਂ ਕਰਫ਼ਿਊ ਪਾਸ ਜਾਰੀ ਕੀਤੇ ਜਾਣਗੇ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 4

ਕਾਨੂੰਨਗੋ ਐਸੋਸਿਏਸ਼ਨ ਦੇ ਨੁਮਾਇੰਦਿਆਂ ਅਤੇ ਸਮਾਜ ਸੇਵਕਾਂ ਨੇ ਲਈ ਕੋਰੋਨਾ ਦੇ ਮਰੀਜਾਂ ਦੀ ਦੇਖਭਾਲ ਅਤੇ ਸੰਸਕਾਰ ਦੀ ਜਿੰਮਵਾਰੀ

ਡਿਪਟੀ ਕਮਿਸ਼ਨਰ ਨਾਲ ਮੁਲਾਕਾਤ ਕਰ ਕੇ ਕਿਹਾ ਸੰਕਟ ਦੀ ਇਸ ਘੜੀ ਵਿਚ ਹਰ ਤਰ੍ਹਾਂ ਦੀ ਸੇਵਾ ਲਈ ਹਾਂ ਤਿਆਰ

ਫਿਰੋਜ਼ਪੁਰ 10 ਅਪ੍ਰੈਲ 2020 ( )

ਰੈਵੈਨਿਊ ਕਾਨੂੰਨਗੋ ਐਸੋਸੀਏਸ਼ਨ ਦੇ ਕੈਸ਼ੀਅਰ ਸੰਤੋਖ ਸਿੰਘ, ਮੰਦਰ ਬਾਬਾ ਜਨਮ ਨਾਥ ਸੋਸਾਇਟੀ ਤੋਂ ਲੇਖਰਾਜ ਅਤੇ ਵਿਪਨ ਕੁਮਾਰ ਨੇ ਸ਼ੁੱਕਰਵਾਰ ਨੂੰ ਡਿਪਟੀ ਕਮਿਸ਼ਨਰ ਫਿਰੋਜਪੁਰ ਸ੍ਰ ਕੁਲਵੰਤ ਸਿੰਘ ਨਾਲ ਮੁਲਾਕਾਤ ਕਰ ਕੇ ਕੋਰੋਨਾ ਦੇ ਪੀੜ੍ਹੀਤ ਮਰੀਜਾਂ ਦੀ ਦੇਖਭਾਲ ਅਤੇ ਕਿਸੇ ਦੀ ਮੌਤ ਹੋਣ ਤੇ ਉਸ ਦਾ ਸੰਸਕਾਰ ਕਰਨ ਦੀ ਜਿੰਮਵਾਰੀ ਲਈ ਹੈ। ਕੈਸ਼ੀਅਰ ਸੰਤੋਖ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀ ਅਪੀਲ ਤੋਂ ਬਾਅਦ ਉਹ ਲੋਕ ਸੰਕਟ ਦੀ ਇਸ ਘੜੀ ਵਿਚ ਆਪਣੀਆਂ ਸੇਵਾਵਾਂ ਦੇਣ ਲਈ ਅੱਗੇ ਆਏ ਹਨ। ਕੁੱਝ ਦਿਨ ਪਹਿਲਾ ਇੱਕ ਸ਼ੱਕੀ ਕੋਰੋਨਾ ਮਰੀਜ਼ ਦੀ ਮੌਤ ਤੋਂ ਬਾਅਦ ਉਸ ਦੇ ਸੰਸਕਾਰ ਨੂੰ ਲੈ ਕੇ ਕਾਫ਼ੀ ਦਿੱਕਤ ਆਈ ਸੀ, ਜਿਸ ਤੋਂ ਬਾਅਦ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਲੋਕਾਂ ਨੂੰ ਸੰਸਕਾਰ ਦਾ ਵਿਰੋਧ ਕਰਨ ਦੀ ਬਜਾਏ ਪ੍ਰਸ਼ਾਸਨ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ ਸੀ। ਇਸ ਅਪੀਲ ਤੋਂ ਬਾਅਦ ਕਈ ਸਮਾਜ ਸੇਵੀ ਸੰਸਥਾਵਾਂ ਆਪਣੀਆਂ ਸੇਵਾਵਾਂ ਦੇਣ ਲਈ ਅੱਗੇ ਆਈਆਂ ਹਨ।

ਕਾਨੂੰਨਗੋ ਸੰਤੋਖ ਸਿੰਘ ਨੇ ਦੱਸਿਆ ਕਿ ਉਹ ਸ਼ਹਿਰ ਦੀਆਂ ਕੁੱਝ ਸਮਾਜ ਸੇਵੀ ਸੰਸਥਾਵਾਂ ਨਾਲ ਜੁੜੇ ਹੋਏ ਹਨ ਅਤੇ ਜੇਕਰ ਜ਼ਿਲ੍ਹੇ ਵਿਚ ਕੋਰੋਨਾ ਵਾਇਰਸ ਨਾਲ ਸਬੰਧਿਤ ਕੋਈ ਵੀ ਇਹੋ ਜਿਹਾ ਕੇਸ ਸਾਹਮਣੇ ਆਉਂਦਾ ਹੈ ਤਾਂ ਉਹ ਆਪਣੀਆਂ ਸੇਵਾਵਾਂ ਦੇਣ ਲਈ ਤਿਆਰ ਹਨ। ਸਬੰਧਿਤ ਮਰੀਜ਼ ਦੀ ਦੇਖਭਾਲ ਅਤੇ ਰੱਬ ਨਾ ਕਰੇ ਜੇਕਰ ਉਸ ਦੀ ਮੌਤ ਹੁੰਦੀ ਹੈ ਤਾਂ ਉਹ ਉਸ ਦਾ ਸੰਸਕਾਰ ਤੱਕ ਦੀ ਸਾਰੀ ਪ੍ਰਕ੍ਰਿਆ ਕਰਨਗੇ।

ਡਿਪਟੀ ਕਮਿਸ਼ਨਰ ਨੇ ਇਨ੍ਹਾਂ ਸਮਾਜ ਸੇਵੀ ਸੰਸਥਾਵਾਂ ਦੇ ਜਜ਼ਬੇ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਕਈ ਇਹੋ ਜਿਹੇ ਕੇਸ ਦੇਖਣ ਵਿਚ ਆਏ ਹਨ ਕਿ ਕੋਰੋਨਾ ਪ੍ਰਭਾਵਿਤ ਮਰੀਜ਼ ਦੀ ਮੌਤ ਤੋਂ ਬਾਅਦ ਉਸ ਦੇ ਪਰਿਵਾਰਿਕ ਮੈਂਬਰ ਹੀ ਪਿੱਛੇ ਹਟ ਜਾਂਦੇ ਹਨ ਜਦਕਿ ਕਾਨੂੰਨਗੋ ਸੰਤੋਖ ਸਿੰਘ, ਲੇਖਰਾਜ, ਵਿਪਨ ਕੁਮਾਰ ਵਰਗੇ ਸਮਾਜ ਸੇਵਕ ਸੰਕਟ ਦੀ ਇਸ ਘੜੀ ਵਿਚ ਸੇਵਾ ਲਈ ਤਿਆਰ ਹਨ। ਉਨ੍ਹਾਂ ਕਿਹਾ ਕਿ ਇਹ ਇੱਕ ਪ੍ਰਸ਼ਾਸਨਿਕ ਕਦਮ ਹੈ ਅਤੇ ਦੂਜੇ ਲੋਕਾਂ ਨੂੰ ਵੀ ਜਾਗਰੂਕ ਹੋਕੇ ਪ੍ਰਸ਼ਾਸਨ ਦਾ ਸਹਿਯੋਗ ਕਰਨਾ ਚਾਹੀਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ,ਫ਼ਿਰੋਜ਼ਪੁਰ

**ਪ੍ਰੈਸ ਨੋਟ 5**

**ਜ਼ਿਲ੍ਹੇ ਦੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਅਗਲੇ ਤਿੰਨ ਮਹੀਨਿਆਂ ਦੀ ਕੁੱਲ 9347 ਮੀਟਰਕ ਕਣਕ ਮੁਫਤ ਵੰਡੀ ਜਾਵੇਗੀ, ਗਰੀਬਾਂ ਨੂੰ ਮਿਲੇਗੀ ਵੱਡੀ ਰਾਹਤ- ਵਿਧਾਇਕ ਪਿੰਕੀ**

**ਕਿਹਾ, ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਗ਼ਰੀਬਾਂ ਨੂੰ ਕਣਕ ਜਾਰੀ ਕਰਨ ਦਾ ਫ਼ੈਸਲਾ ਲੈ ਕੇ ਉਨ੍ਹਾਂ ਦੀਆਂ ਕਈ ਸਮੱਸਿਆਵਾਂ ਹੱਲ ਕੀਤੀਆਂ**

ਫਿਰੋਜ਼ਪੁਰ, 10 ਅਪ੍ਰੈਲ- ਗ਼ਰੀਬਾਂ ਨੂੰ ਕਰਫ਼ਿਊ ਅਤੇ ਤਾਲਾਬੰਦੀ ਦਰਮਿਆਨ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਅਗਲੇ ਤਿੰਨ ਮਹੀਨਿਆਂ ਦੀ ਮੁਫਤ ਕਣਕ ਵੰਡਣ ਦਾ ਫ਼ੈਸਲਾ ਇਕ ਵੱਡਾ ਕਦਮ ਹੈ, ਜੋ ਆਰਥਿਕ ਪੱਖੋਂ ਕਮਜ਼ੋਰ ਵਰਗ ਲਈ ਰਾਹਤ ਸਾਬਤ ਹੋਏਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਪੰਜਾਬ ਸਰਕਾਰ ਵੱਲੋਂ ਗ਼ਰੀਬਾਂ ਨੂੰ ਅਗਲੇ ਤਿੰਨ ਮਹੀਨਿਆਂ ਕੀ ਕਣਕ ਜਾਰੀ ਕਰਨ ਦੇ ਫ਼ੈਸਲੇ ਤੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਉਨ੍ਹਾਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਸਾਹਮਣੇ ਸੁਝਾਅ ਰੱਖਿਆ ਸੀ ਕਿ ਗ਼ਰੀਬਾਂ ਨੂੰ ਅਗਲੇ ਤਿੰਨ ਮਹੀਨਿਆਂ ਦੀ ਕਣਕ ਮੁਫਤ ਵਿਚ ਜਾਰੀ ਕੀਤੀ ਜਾਵੇ, ਇਸ ਤੋਂ ਬਾਅਦ ਸਰਕਾਰ ਵੱਲੋਂ ਇਹ ਫ਼ੈਸਲਾ ਲਿਆ ਗਿਆ ਹੈ ਕਿ ਪਹਿਲਾਂ 2 ਰੁਪਏ ਕਿੱਲੋਂ ਦੇ ਹਿਸਾਬ ਨਾਲ ਇਹ ਕਣਕ ਵੰਡੀ ਜਾਂਦੀ ਸੀ, ਜਦਕਿ ਕਿ ਹੁਣ ਕੋਈ ਪੈਸਾ ਨਾ ਲੈ ਕੇ ਇਹ ਕਣਕ ਮੁਫਤ ਵਿਚ ਵੰਡੀ ਜਾਵੇਗੀ। ਵਿਧਾਇਕ ਪਿੰਕੀ ਨੇ ਕਿਹਾ ਕਿ ਇਹ ਇਕ ਇਤਿਹਾਸਕ ਕਦਮ ਹੈ ਕਿਉਂਕਿ ਇਹ ਫ਼ੈਸਲਾ ਗਰੀਬ ਵਰਗ ਲਈ ਕਰਫ਼ਿਊ ਅਤੇ ਤਾਲਾਬੰਦੀ ਜਿਹੀਆਂ ਸਥਿਤੀਆਂ ਵਿਚਕਾਰ ਇਕ ਮੀਲ ਦਾ ਪੱਥਰ ਸਾਬਤ ਹੋਵੇਗਾ ਅਤੇ ਉਨ੍ਹਾਂ ਦੀ ਦਾਲ ਅਤੇ ਰੋਟੀ ਦਾ ਪ੍ਰਬੰਧ ਹੋ ਜਾਵੇਗਾ।

੬ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਜ਼ਿਲ੍ਹਾ ਫਿਰੋਜ਼ਪੁਰ ਲਈ ਕਣਕ ਜਾਰੀ ਹੋ ਚੁੱਕੀ ਹੈ, ਜੋ ਕਿ ਤੇਜ਼ੀ ਨਾਲ ਗਰੀਬ ਵਰਗਾਂ ਵਿੱਚ ਵੰਡੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਨਾਲ ਗ਼ਰੀਬਾਂ ਨੂੰ ਬਹੁਤ ਲਾਭ ਹੋਵੇਗਾ ਅਤੇ ਕਰਫ਼ਿਊ ਦੌਰਾਨ ਇਹ ਇਕ ਮਹੱਤਵਪੂਰਨ ਕਦਮ ਸੀ। ਵਿਧਾਇਕ ਨੇ ਇਸ ਫ਼ੈਸਲੇ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਕੋਰੋਨਾ ਵਾਇਰਸ ਦੀ ਮਹਾਂਮਾਰੀ ਕਾਰਨ ਸੰਕਟ ਦੀ ਇਸ ਘੜੀ ਵਿੱਚ ਗ਼ਰੀਬਾਂ ਅਤੇ ਲੋੜਵੰਦਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਲੋਕਾਂ ਕਿਸੇ ਤਰ੍ਹਾਂ ਕੋਈ ਪਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ। ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਨੇ ਵੀ ਸਰਕਾਰ ਦੇ ਇਸ ਫ਼ੈਸਲੇ ਦੀ ਸ਼ਲਾਘਾ ਕੀਤੀ। ਰਾਧੇ-ਰਾਧੇ ਵੈੱਲਫੇਅਰ ਸੁਸਾਇਟੀ ਦੇ ਮੁਖੀ ਚੰਦਰਮੋਹਨ ਹਾਂਡਾ ਨੇ ਕਿਹਾ ਕਿ ਇਸ ਬਾਰੇ ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਵੀ ਸੁਝਾਅ ਦਿੱਤਾ ਸੀ ਅਤੇ ਸਰਕਾਰ ਵੱਲੋਂ ਗਰੀਬ ਅਤੇ ਲੋੜਵੰਦ ਲੋਕਾਂ ਲਈ ਅਜਿਹਾ ਵੱਡਾ ਫ਼ੈਸਲਾ ਲਿਆ ਗਿਆ ਹੈ।

ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫਸਰ ਸ੍ਰ: ਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ ਕੁੱਲ 9347 ਮੀਟਿਰਕ ਟਨ ਕਣਕ ਵੰਡੀ ਜਾਣੀ ਹੈ ਅਤੇ ਇਹ ਕਣਕ ਜਲਦ ਹੀ ਵੰਡਣੀ ਸ਼ੁਰੂ ਕਰ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇੱਕ ਪਰਿਵਾਰ ਨੂੰ 5 ਕਿਲੋ ਕਣਕ ਵੰਡੀ ਜਾਵੇਗੀ। ਉਨ੍ਹਾਂ ਕਿਹਾ ਕਿ ਕਰਫਿਊ ਦੌਰਾਨ ਵਿਭਾਗ ਵੱਲੋਂ ਇਹ ਲੋਕਾਂ ਦੇ ਘਰ-ਘਰ ਜਾ ਕੇ ਵੰਡੀ ਜਾਵੇਗੀ ਅਤੇ ਹਰ ਲਾਭਪਾਤਰੀ ਤੱਕ ਇਹ ਲਾਭ ਪਹੁੰਚਾਇਆ ਜਾਵੇਗਾ।